ਰਾਮਕਲੀ ਮਹਲਾ ੫ ॥ ਕਰਨ ਕਰਾਵਨ ਸੋਈ ॥ ਆਨ ਨ ਦੀਸੈ ਕੋਈ ॥ ਠਾਕੁਰੁ ਮੇਰਾ ਸੁਘੜੁ ਸੁਜਾਨਾ ॥ ਗੁਰਮੁਖਿ ਮਿਲਿਆ ਰੰਗੁ ਮਾਨਾ ॥੧॥ ਐਸੋ ਰੇ ਹਰਿ ਰਸੁ ਮੀਠਾ ॥ ਗੁਰਮੁਖਿ ਕਿਨੈ ਵਿਰਲੈ ਡੀਠਾ ॥੧॥ ਰਹਾਉ ॥ ਨਿਰਮਲ ਜੋਤਿ ਅੰਮ੍ਰਿਤੁ ਹਰਿ ਨਾਮ ॥ ਪੀਵਤ ਅਮਰ ਭਏ ਨਿਹਕਾਮ ॥ ਤਨੁ ਮਨੁ ਸੀਤਲੁ ਅਗਨਿ ਨਿਵਾਰੀ ॥ ਅਨਦ ਰੂਪ ਪ੍ਰਗਟੇ ਸੰਸਾਰੀ ॥ ੨॥ ਕਿਆ ਦੇਵਉ ਜਾ ਸਭੁ ਕਿਛੁ ਤੇਰਾ ॥ ਸਦ ਬਲਿਹਾਰਿ ਜਾਉ ਲਖ ਬੇਰਾ ॥ ਤਨੁ ਮਨੁ ਜੀਉ ਪਿੰਡੁ ਦੇ ਸਾਜਿਆ ॥ ਗੁਰ ਕਿਰਪਾ ਤੇ ਨੀਚੁ ਨਿਵਾਜਿਆ ॥੩॥ ਖੋਲਿ ਕਿਵਾਰਾ ਮਹਲਿ ਬੁਲਾਇਆ ॥ ਜੈਸਾ ਸਾ ਤੈਸਾ ਦਿਖਲਾਇਆ ॥ ਕਹੁ ਨਾਨਕ ਸਭੁ ਪੜਦਾ ਤੂਟਾ ॥ ਹਉ ਤੇਰਾ ਤੂ ਮੈ ਮਨਿ ਵੂਠਾ ॥੪॥੩॥੧੪॥ {ਪੰਨਾ 886-887}

ਪਦਅਰਥ:- ਸੋਈ—ਉਹ (ਪਰਮਾਤਮਾ) ਹੀ। ਆਨ—{ANX} ਦੂਜਾ ਹੋਰ। ਸੁਘੜੁ—ਗੰਭੀਰ। ਸੁਜਾਨਾ—ਸਿਆਣਾ। ਗੁਰਮੁਖਿ—ਗੁਰੂ ਦੀ ਰਾਹੀਂ। ਰੰਗੁ—ਆਤਮਕ ਆਨੰਦ। ਮਾਨਾ—ਮਾਣਿਆ।1।

ਰੇ—ਹੇ ਭਾਈ! ਐਸੋ—(ਭਾਵ) ਅਸਚਰਜ। ਕਿਨੈ ਵਿਰਲੈ—ਕਿਸੇ ਵਿਰਲੇ ਨੇ।1। ਰਹਾਉ।

ਨਿਰਮਲ—ਮਲ-ਰਹਿਤ। ਜੋਤਿ—ਨੂਰ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਜਲ। ਅਮਰ—ਅ-ਮਰ, ਜਿਸ ਉਤੇ ਆਤਮਕ ਮੌਤ ਆਪਣਾ ਜ਼ੋਰ ਨ ਪਾ ਸਕੇ। ਨਿਹਕਾਮ—ਵਾਸਨਾ-ਰਹਿਤ। ਅਗਨਿ—(ਤ੍ਰਿਸ਼ਨਾ ਦੀ) ਅੱਗ। ਨਿਵਾਰੀ—ਦੂਰ ਕਰ ਦਿੱਤੀ। ਸੰਸਾਰੀ—ਸੰਸਾਰਿ, ਸੰਸਾਰ ਵਿਚ।2।

ਦੇਵਉ—ਦੇਵਉਂ, ਮੈਂ ਦਿਆਂ। ਸਦ—ਸਦਾ। ਬਲਿਹਾਰਿ—ਕੁਰਬਾਨ। ਜਾਉ—ਜਾਉਂ, ਮੈਂ ਜਾਵਾਂ। ਬੇਰਾ—ਵਾਰੀ। ਜੀਉ—ਜਿੰਦ। ਦੇ—ਦੇ ਕੇ। ਸਾਜਿਆ—ਪੈਦਾ ਕੀਤਾ। ਤੇ—ਤੋਂ, ਨਾਲ। ਨੀਚੁ—ਨੀਵਾਂ, ਮੰਦਾ, ਨਕਾਰਾ। ਨਿਵਾਜਿਆ—ਵਡਿਆਈ ਦਿੱਤੀ।3।

ਖੋਲਿ—ਖੋਲ੍ਹ ਕੇ। ਕਿਵਾਰਾ—ਕਿਵਾੜ, ਭਿੱਤ। ਮਹਲਿ—ਮਹਲ ਵਿਚ। ਸਾ—ਸੀ। ਸਭੁ—ਸਾਰਾ। ਹਉ—ਹਉਂ, ਮੈਂ। ਮੈ ਮਨਿ—ਮੇਰੇ ਮਨ ਵਿਚ। ਵੂਠਾ—ਆ ਵੱਸਿਆ।4।

ਅਰਥ:- ਹੇ ਭਾਈ! ਪਰਮਾਤਮਾ ਦੇ ਨਾਮ ਦਾ ਸੁਆਦ ਅਸਚਰਜ ਹੈ ਮਿੱਠਾ ਹੈ। ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਉਸ ਦਾ ਦਰਸਨ ਕੀਤਾ ਹੈ।1। ਰਹਾਉ।

ਹੇ ਭਾਈ! ਉਹ ਪਰਮਾਤਮਾ ਹੀ ਸਭ ਕੁਝ ਕਰਨ-ਜੋਗ ਹੈ ਅਤੇ (ਸਭ ਵਿਚ ਵਿਆਪਕ ਹੋ ਕੇ ਸਭ ਜੀਵਾਂ ਪਾਸੋਂ) ਕਰਾਵਣ ਵਾਲਾ ਹੈ। (ਕਿਤੇ ਭੀ) ਉਸ ਤੋਂ ਬਿਨਾ ਕੋਈ ਦੂਜਾ ਨਹੀਂ ਦਿੱਸਦਾ। ਹੇ ਭਾਈ! ਮੇਰਾ ਉਹ ਮਾਲਕ-ਪ੍ਰਭੂ ਗੰਭੀਰ ਸੁਭਾਉ ਵਾਲਾ ਹੈ ਤੇ ਸਭ ਦੇ ਦਿਲ ਦੀ ਜਾਣਨ ਵਾਲਾ ਹੈ। ਗੁਰੂ ਦੀ ਰਾਹੀਂ, ਜਿਸ ਨੂੰ ਉਹ ਮਿਲ ਪੈਂਦਾ ਹੈ, ਉਹ ਮਨੁੱਖ ਆਤਮਕ ਆਨੰਦ ਮਾਣਦਾ ਹੈ।1।

ਹੇ ਭਾਈ! ਉਸ ਪਰਮਾਤਮਾ ਦਾ ਨੂਰ ਮੈਲ-ਰਹਿਤ ਹੈ, ਉਸ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਸਮਝੋ। ਉਸ ਨਾਮ-ਅੰਮ੍ਰਿਤ ਨੂੰ ਪੀਂਦਿਆਂ ਹੀ ਮਨੁੱਖ ਅਟੱਲ ਆਤਮਕ ਜੀਵਨ ਵਾਲੇ ਅਤੇ ਵਾਸਨਾ-ਰਹਿਤ ਹੋ ਜਾਂਦੇ ਹਨ। ਉਹਨਾਂ ਦਾ ਤਨ ਉਹਨਾਂ ਦਾ ਮਨ ਸ਼ਾਂਤ ਹੋ ਜਾਂਦਾ ਹੈ। ਪਰਮਾਤਮਾ (ਉਹਨਾਂ ਦੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁਝਾ ਦੇਂਦਾ ਹੈ। ਉਹ ਹਰ ਵੇਲੇ ਆਨੰਦ-ਭਰਪੂਰ ਰਹਿੰਦੇ ਹਨ, ਅਤੇ ਜਗਤ ਵਿਚ ਨਾਮਣੇ ਵਾਲੇ ਹੋ ਜਾਂਦੇ ਹਨ।2।

(ਹੇ ਪ੍ਰਭੂ! ਤੇਰਾ ਉਹ ਨਾਮ-ਅੰਮ੍ਰਿਤ ਪ੍ਰਾਪਤ ਕਰਨ ਵਾਸਤੇ) ਮੈਂ ਤੇਰੇ ਅੱਗੇ ਕੀਹ ਲਿਆ ਧਰਾਂ, ਕਿਉਂਕਿ (ਮੇਰੇ ਪਾਸ ਤਾਂ) ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ। ਹੇ ਪ੍ਰਭੂ! ਮੈਂ ਤੈਥੋਂ ਸਦਾ ਹੀ ਲੱਖਾਂ ਵਾਰੀ ਸਦਕੇ ਜਾਂਦਾ ਹਾਂ। ਇਹ ਤਨ ਇਹ ਮਨ, ਇਹ ਜਿੰਦ ਇਹ ਸਰੀਰ ਦੇ ਕੇ ਤੂੰ ਮੈਨੂੰ ਪੈਦਾ ਕੀਤਾ ਹੈ, ਅਤੇ ਗੁਰੂ ਦੀ ਮੇਹਰ ਨਾਲ ਤੂੰ ਮੈਨੂੰ ਨਕਾਰੇ ਨੂੰ ਵਡਿਆਈ ਦਿੱਤੀ ਹੈ।3।

ਹੇ ਨਾਨਕ! ਆਖ—(ਹੇ ਪ੍ਰਭੂ! ਮੇਰੇ ਮਨ ਦੇ) ਕਿਵਾੜ ਖੋਲ੍ਹ ਕੇ ਤੂੰ ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ ਹੈ, ਤੂੰ ਮੈਨੂੰ ਸਾਖਿਆਤ ਆਪਣਾ ਦੀਦਾਰ ਬਖ਼ਸ਼ਿਆ ਹੈ। (ਤੇਰੇ ਨਾਲੋਂ ਵਿੱਥ ਪਾਣ ਵਾਲਾ ਮੇਰੇ ਅੰਦਰੋਂ) ਸਾਰਾ ਪਰਦਾ ਹੁਣ ਟੁੱਟ ਗਿਆ ਹੈ, ਹੁਣ ਤੂੰ ਮੇਰੇ ਮਨ ਵਿਚ ਆ ਵੱਸਿਆ ਹੈਂ, ਮੈਂ ਤੇਰਾ ਹੋ ਚੁਕਾ ਹਾਂ।4।3।14।